

ਅਜੀਤ, ਜਲੰਧਰ
ਅੰਮ੍ਰਿਤਸਰ ਅਜੀਤ
ਸੋਮਵਾਰ, 9 ਦਸੰਬਰ 2024





# ਸ਼ਵੇਤ ਮਲਿਕ ਦੀ ਅਗਵਾਈ 'ਚ ਕਾਰੋਬਾਰੀਆਂ ਨੇ ਕੇਂਦਰੀ ਮੰਤਰੀ ਗਡਕਰੀ ਨੂੰ ਦਿੱਤਾ ਮੰਗ ਪੱਤਰ

## ਹਾਈਵੇ ਪ੍ਰੋਜੈਕਟਸ ਨੂੰ ਸਮੇਂ 'ਤੇ ਪੂਰਾ ਕਰਨ ਦੀ ਲੋੜ 'ਤੇ ਦਿੱਤਾ ਜ਼ੋਰ

ਅੰਮ੍ਰਿਤਸਰ, 8 ਦਸੰਬਰ (ਸੁਰਿੰਦਰ ਕੋਛੜ)-ਅੰਮ੍ਰਿਤਸਰ ਟੈਕਸਟਾਈਲ ਪ੍ਰੋਸੈਸਿੰਗ ਐਸੋਸੀਏਸ਼ਨ ਅਤੇ ਕ੍ਰੇਡਾਈ ਚੈਪਟਰ ਅੰਮ੍ਰਿਤਸਰ ਨੇ ਸਾਬਕਾ ਰਾਜ ਸਭਾ ਮੈਂਬਰ ਸ਼ਵੇਤ ਮਲਿਕ ਦੀ ਅਗਵਾਈ 'ਚ ਅੰਮ੍ਰਿਤਸਰ ਵਿਖੇ ਹੋਏ ਸਹਿਕਾਰ ਭਾਰਤੀ ਅਧਿਵੇਸ਼ਨ ਦੌਰਾਨ ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਪ੍ਰਧਾਨ ਵਾਰਪ ਨਿਟਿੰਗ ਐਸੋਸੀਏਸ਼ਨ ਕ੍ਰਿਸ਼ਨ ਸ਼ਰਮਾ (ਕੁੱਕੂ) ਦੀ ਪ੍ਰਧਾਨਗੀ 'ਚ ਮੰਗ ਪੱਤਰ ਦਿੱਤਾ। ਉਨ੍ਹਾਂ ਕੇਂਦਰੀ ਮੰਤਰੀ ਨਾਲ ਮੁੱਖ ਬੁਨਿਆਦੀ ਢਾਂਚੇ ਦੇ ਮੁੱਦਿਆਂ 'ਤੇ ਚਰਚਾ ਵੀ ਕੀਤੀ। ਪ੍ਰਤੀਨਿਧੀ ਮੰਡਲ ਨੇ ਜੰਮੂ-ਕਟੜਾ ਐਕਸਪ੍ਰੈੱਸ ਹਾਈਵੇ 'ਤੇ ਹੋਈ ਤਰੱਕੀ ਲਈ ਕੇਂਦਰ ਸਰਕਾਰ ਦਾ ਧੰਨਵਾਦ ਕਰਦਿਆਂ ਇਸ ਪ੍ਰੋਜੈਕਟ ਦੇ ਨਾਲ-ਨਾਲ ਖੇਤਰ 'ਚ ਹੋਰ ਲੰਬਿਤ ਹਾਈਵੇ ਪ੍ਰੋਜੈਕਟਸ ਨੂੰ ਸਮੇਂ 'ਤੇ ਪੂਰਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਵਲੋਂ ਅੰਮ੍ਰਿਤਸਰ ਦੇ 500 ਤੋਂ ਵੱਧ ਉਦਯੋਗਾਂ ਨੂੰ ਫ਼ਾਇਦਾ ਪਹੁੰਚਾਉਣ ਲਈ ਇਸ ਹਾਈਵੇ 'ਤੇ ਮਜੀਠਾ ਰੋਡ ਉੱਪਰ ਖ਼ਾਸ ਐਗਜ਼ਿਟ ਦੀ ਬੇਨਤੀ ਕੀਤੀ ਗਈ। ਇਸ ਤੋਂ ਇਲਾਵਾ ਇਨ੍ਹਾਂ ਪ੍ਰੋਜੈਕਟਸ ਨੂੰ ਪੂਰਾ ਕਰਕੇ ਅੰਮ੍ਰਿਤਸਰ ਦੇ ਕੌਮਾਂਤਰੀ ਹਵਾਈ ਅੱਡੇ ਰਾਹੀਂ ਸੈਰ-ਸਪਾਟੇ ਅਤੇ ਕਨੈਕਟਿਵਿਟੀ ਨੂੰ ਵਧਾਉਣ ਦੀ ਲੋੜ ਵੀ ਉਜਾਗਰ ਕੀਤੀ ਗਈ। ਉਨ੍ਹਾਂ ਅੰਮ੍ਰਿਤਸਰ ਹਾਈਵੇ ਦੇ ਛੇ-ਲੇਨਿੰਗ ਦੇ ਲੰਮੇ ਸਮੇਂ ਤੋਂ ਲੰਬਿਤ ਕੰਮ 'ਤੇ ਧਿਆਨ ਦਿਵਾਉਂਦਿਆਂ ਇਸ ਨੂੰ ਉਦਯੋਗਿਕ ਵਿਕਾਸ ਅਤੇ ਅੰਮ੍ਰਿਤਸਰ ਦੇ ਕੁੱਲ ਵਿਕਾਸ ਲਈ ਮਹੱਤਵਪੂਰਨ ਦੱਸਿਆ। ਕੇਂਦਰੀ ਮੰਤਰੀ ਗਡਕਰੀ ਨੇ ਉਦਯੋਗਪਤੀਆਂ ਅਤੇ ਵਪਾਰੀਆਂ ਨੂੰ ਤੁਰੰਤ ਕਾਰਵਾਈ ਦਾ ਭਰੋਸਾ ਦਿਵਾਇਆ ਅਤੇ ਪੀ. ਡਬਲਊ. ਡੀ. ਮੰਤਰੀ ਨੂੰ ਪੰਜਾਬ ਦੇ ਮੁੱਖ ਮੰਤਰੀ ਨਾਲ ਸਹਿਕਾਰ ਕਰਕੇ ਲੰਬਿਤ ਪ੍ਰੋਜੈਕਟਸ 'ਤੇ ਇਕ ਵਿਸਥਾਰਤ ਰਿਪੋਰਟ ਤਿਆਰ ਕਰਨ ਲਈ ਕਿਹਾ। ਉਨ੍ਹਾਂ ਨੇ ਇਹ ਵੀ ਭਰੋਸਾ ਦਿੱਤਾ ਕਿ ਰਿਪੋਰਟ ਮਿਲਦੇ ਹੀ ਪ੍ਰੋਜੈਕਟਸ ਨੂੰ ਤੁਰੰਤ ਮਨਜ਼ੂਰੀ ਦਿੱਤੀ ਜਾਵੇਗੀ। ਇਸ ਬੈਠਕ 'ਚ ਜ਼ਿਲ੍ਹਾ ਭਾਜਪਾ ਪ੍ਰਮੁੱਖ ਹਰਵਿੰਦਰ ਸਿੰਘ ਸੰਧੂ, ਰਾਕੇਸ਼ ਮਹਿਰਾ, ਸੰਜੀਵ ਕੰਧਾਰੀ, ਦਵਿੰਦਰ ਜੈਨ, ਨਿਰਮਲ ਸੁਰੇਖਾ ਅਤੇ ਦੀਪਕ ਬਜਾਜ ਸਮੇਤ ਕਈ ਵਪਾਰੀ ਅਤੇ ਉਦਯੋਗਪਤੀ ਮੌਜੂਦ ਸਨ।



ਕੇਂਦਰੀ ਮੰਤਰੀ ਨਿਤਿਨ ਗਡਕਰੀ ਨੂੰ ਸ਼ਵੇਤ ਮਲਿਕ ਦੀ ਅਗਵਾਈ 'ਚ ਮੰਗ ਪੱਤਰ ਦਿੰਦੇ ਹੋਏ ਕ੍ਰਿਸ਼ਨ ਸ਼ਰਮਾ ਕੁੱਕੂ, ਹਰਵਿੰਦਰ ਸਿੰਘ ਸੰਧੂ, ਰਾਕੇਸ਼ ਮਹਿਰਾ, ਸੰਜੀਵ ਕੰਧਾਰੀ, ਦਵਿੰਦਰ ਜੈਨ, ਨਿਰਮਲ ਸੁਰੇਖਾ, ਦੀਪਕ ਬਜਾਜ ਤੇ ਹੋਰ। ਤਸਵੀਰ : ਹਰਜੀਤ ਸਿੰਘ




ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵੇਰਕਾ ਵਿਖੇ ਵਿਖੇ ਵਿਸ਼ਵ ਏਡਜ਼ ਦਿਵਸ ਨੂੰ ਸਮਰਪਿਤ ਸਮਾਗਮ ਵਿੱਚ ਹਿੱਸਾ ਲੈਂਦੇ ਹੋਏ ਪ੍ਰਿੰਸੀਪਲ ਪ੍ਰੋਫੈਸਰ ਪੁਨੀਤ ਰੰਧਾਵਾ ਵਿਦਿਆਰਥੀ ਤੇ ਸਟਾਫ। ਤਸਵੀਰ: ਪਰਮਜੀਤ ਸਿੰਘ ਬੱਗਾ

# ਵਿਸ਼ਵ ਏਡਜ਼ ਦਿਵਸ ਨੂੰ ਸਮਰਪਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵੇਰਕਾ ਵਿਖੇ ਵਿਸ਼ੇਸ਼ ਸਮਾਗਮ

ਵੇਰਕਾ, 8 ਦਸੰਬਰ (ਪਰਮਜੀਤ ਸਿੰਘ ਬੱਗਾ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵੇਰਕਾ ਵਿਖੇ ਪ੍ਰਿੰਸੀਪਲ ਪ੍ਰੋਫੈਸਰ ਪੁਨੀਤ ਰੰਧਾਵਾ ਦੀ ਯੋਗ ਅਗਵਾਈ ਹੇਠ ਕਾਲਜ ਦੇ ਰੈੱਡ ਰਿਬਨ ਕਲੱਬ ਅਤੇ ਐੱਨ.ਐੱਸ.ਐੱਸ. ਵਿਭਾਗ ਵਲੋਂ ਵਿਸ਼ਵ ਏਡਜ਼ ਦਿਵਸ ਨੂੰ ਸਮਰਪਿਤ ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ ਅਤੇ ਨੁੱਕੜ ਨਾਟਕ ਕਰਵਾਏ ਗਏ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰੋਫੈ: ਪੁਨੀਤ ਰੰਧਾਵਾ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਆਖਿਆ ਕਿ ਸਮਾਜ ਵਿਚ ਏਡਜ਼ ਅਤੇ ਨਸ਼ੇ ਦੀ ਸਮੱਸਿਆਵਾਂ ਬਹੁਤ ਗੰਭੀਰ ਰੂਪ ਵਿਚ ਪਾਈਆਂ ਜਾ ਰਹੀਆਂ ਹਨ ਅਤੇ ਇਸ ਨਾਲ ਨਜਿੱਠਣ ਲਈ ਆਮ ਜਨਤਾ ਅਤੇ ਖਾਸ ਤੌਰ 'ਤੇ ਨੌਜਵਾਨਾਂ ਨੂੰ ਜਾਗਰੂਕ ਹੋਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਨੇ ਮੁਕਾਬਲਿਆਂ ਵਿਚ ਭਾਗ ਲੈਣ ਲਈ ਅਤੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਡਾ: ਰੁਪਿੰਦਰਪ੍ਰੀਤ ਕੌਰ ਨੇ ਜਾਣਕਾਰੀ ਦਿੱਤੀ ਕਿ ਰੈੱਡ ਰਿਬਨ ਕਲੱਬ ਦੁਆਰਾ ਸਮੇਂ-ਸਮੇਂ ਤੇ ਏਡਜ਼ ਅਤੇ ਨਸ਼ਾਖੋਰੀ ਦੇ ਵਿਰੁੱਧ ਵਿਦਿਆਰਥੀਆਂ ਵਿਚ ਜਾਗਰੂਕਤਾ ਲਿਆਉਣ ਲਈ ਸਹਾਇਕ ਡਾਇਰੈਕਟਰ ਯੁਵਕ ਭਲਾਈ ਕੇਂਦਰ ਅੰਮ੍ਰਿਤਸਰ ਦੇ ਨਿਰਦੇਸ਼ਾਂ ਅਨੁਸਾਰ ਪਹਿਲੇ ਵੀ ਕਈ ਮੁਕਾਬਲੇ ਅਤੇ ਜਾਗਰੂਕਤਾ ਮੁਹਿੰਮ ਚਲਾਈ ਗਈ ਹੈ ਅਤੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ ਹੈ। ਇਸ ਪ੍ਰੋਗਰਾਮ ਦੌਰਾਨ ਡਾ: ਨਿਸ਼ਾ ਛਾਬੜਾ ਦੁਆਰਾ ਨਸ਼ਾਖੋਰੀ ਦੇ ਵਿਰੁੱਧ ਹਰਮੀਤ ਬੀ.ਪੀ. ਸਿੰਘ ਦਾ ਲਿਖਿਆ ਇੱਕ ਨੁੱਕੜ ਨਾਟਕ ਚਵਨਪਰਾਸ਼ ਕਰਵਾਇਆ ਗਿਆ, ਜਿਸ ਵਿਚ ਸ਼ਾਈਨ ਥੀਏਟਰ ਵੈਲਫੇਅਰ ਕਲੱਬ ਦੇ ਕਲਾਕਾਰ ਗੁਰਪ੍ਰੀਤ ਗੈਰੀ, ਸ਼ਹਿਜ਼ਾਦਾ, ਸੁਰਜੀਤ ਸਿੰਘ, ਰਣਜੀਤ ਸਿੰਘ, ਲਵਲੀ ਚੰਗੋਤਰਾ ਨੇ ਅਦਾਕਾਰੀ ਕੀਤੀ ਅਤੇ ਇਸ ਨਾਟਕ ਨੂੰ ਵਿਦਿਆਰਥੀਆਂ ਦਾ ਭਰਪੂਰ ਹੁੰਗਾਰਾ ਮਿਲਿਆ। ਡਾ: ਮਨਜੀਤ ਕੌਰ ਦੁਆਰਾ ਵਿਦਿਆਰਥੀਆਂ ਨੂੰ ਏਡਜ਼ ਪ੍ਰਤੀ ਸਹੁੰ ਚੁਕਾਈ ਗਈ। ਇਸ ਮੌਕੇ ਤੇ ਐੱਨ.ਐੱਸ.ਐੱਸ. ਕੋਆਰਡੀਨੇਟਰ ਪ੍ਰੋਫੈ: ਜਤਿੰਦਰ ਕੌਰ ਅਤੇ ਹੋਰ ਕਾਲਜ ਸਟਾਫ ਤੇ ਵਿਦਿਆਰਥੀ ਮੌਜੂਦ ਸਨ।

# ਨਿਗਮ ਚੋਣਾਂ ਨੂੰ ਲੈ ਕੇ ਕਾਂਗਰਸ ਦੇ ਸੀਨੀਅਰ ਆਗੂਆਂ ਨਾਲ ਪਲੇਠੀ ਮੀਟਿੰਗ

## ਮੈਡਮ ਨਵਜੋਤ ਕੌਰ ਸਿੱਧੂ ਦੀ ਮੀਟਿੰਗ 'ਚ ਸ਼ਮੂਲੀਅਤ ਬਣੀ ਚਰਚਾ ਦਾ ਵਿਸ਼ਾ

ਅੰਮ੍ਰਿਤਸਰ, 8 ਦਸੰਬਰ (ਗਗਨਦੀਪ ਸ਼ਰਮਾ)-ਕਾਂਗਰਸ ਹਾਈਕਮਾਂਡ ਵਲੋਂ ਨਿਯੁਕਤ ਕੀਤੇ ਸਾਬਕਾ ਮੰਤਰੀ ਤੇ ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਨੇ ਨਿਗਮ ਚੋਣਾਂ ਨੂੰ ਲੈ ਕੇ ਅੰਮ੍ਰਿਤਸਰ ਸ਼ਹਿਰ ਦੇ ਸੀਨੀਅਰ ਆਗੂਆਂ ਦੇ ਨਾਲ ਪਲੇਠੀ ਮੀਟਿੰਗ ਕਰਕੇ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਹਾਸਿਲ ਕੀਤੀ। ਸਿਆਸੀ ਸਰਗਰਮੀਆਂ ਤੋਂ ਲੰਬਾ ਸਮਾਂ ਦੂਰ ਰਹੇ ਅਤੇ ਕੈਂਸਰ ਦੀ ਬਿਮਾਰੀ ਤੋਂ ਮੁਕਤ ਹੋਏ ਹਲਕਾ ਪੂਰਬੀ ਤੋਂ ਸਾਬਕਾ ਵਿਧਾਇਕਾ ਨਵਜੋਤ ਕੌਰ ਸਿੱਧੂ ਦੀ ਇਸ ਮੀਟਿੰਗ 'ਚ ਸ਼ਮੂਲੀਅਤ ਚਰਚਾ ਦਾ ਵਿਸ਼ਾ ਬਣੀ। ਇਸ ਮੌਕੇ ਸ. ਬਾਜਵਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਪਸ਼ਟ ਕੀਤਾ ਕਿ ਜਿੱਤਣ ਵਾਲੇ ਉਮੀਦਵਾਰਾਂ ਨੂੰ ਟਿਕਟਾਂ ਦੇਣੀਆਂ ਸਾਡੀ ਪਹਿਲੀ ਪਸੰਦ ਹੋਵੇਗੀ। ਉਨ੍ਹਾਂ ਕਿਹਾ ਕਿ ਭਾਵੇਂ ਅਕਾਲੀ ਦਲ ਆਪਣੀ ਸਿਆਸੀ ਸ਼ਾਖ ਨੂੰ ਕੀਤੇ ਵੱਡੇ ਕਥਿਤ ਗੁਨਾਹਾਂ ਕਰਕੇ ਗਵਾ ਚੁੱਕਾ ਹੈ, ਪਰ ਫਿਰ ਵੀ ਉਨ੍ਹਾਂ ਨੇ ਇਨ੍ਹਾਂ ਚੋਣਾਂ 'ਚ ਆਪਣੇ ਉਮੀਦਵਾਰ ਖੜੇ ਕਰਨ ਦਾ ਫ਼ੈਸਲਾ ਲਿਆ ਹੈ। ਉਨ੍ਹਾਂ ਕਾਂਗਰਸ ਦਾ ਮੁਕਾਬਲਾ ਕਿਸ ਪਾਰਟੀ ਨਾਲ ਹੋਵੇਗਾ, ਬਾਰੇ ਪੁੱਛੇ ਸਵਾਲ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ ਮਾਰੂ ਨੀਤੀਆਂ ਤੇ ਡਰਾਮੇਬਾਜੀ ਤੋਂ ਲੋਕ ਚੰਗੀ ਤਰ੍ਹਾਂ ਵਾਕਫ਼ ਹਨ ਅਤੇ ਭਾਜਪਾ ਦੀ ਕਾਰਪੋਰੇਟ ਘਰਾਣਿਆਂ ਨਾਲ ਯਾਰੀ ਵੀ ਜੱਗ ਜ਼ਾਹਿਰ ਹੈ, ਇਸ ਲਈ ਲੋਕ ਕਾਂਗਰਸ ਦੇ ਹੱਕ 'ਚ ਹੀ ਫਤਵਾ ਦੇਣਗੇ। ਇਸ ਮੌਕੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ, ਸਾਬਕਾ ਉਪ ਮੁਖ ਮੰਤਰੀ ਓ. ਪੀ. ਸੋਨੀ, ਸਾਬਕਾ ਵਿਧਾਇਕਾ ਨਵਜੋਤ ਕੌਰ ਸਿੱਧੂ, ਡਾ. ਰਾਜ ਕੁਮਾਰ ਵੇਰਕਾ, ਸੁਨੀਲ ਦੱਤੀ, ਜਸਬੀਰ ਸਿੰਘ ਗਿੱਲ, ਸ਼ਹਿਰੀ ਪ੍ਰਧਾਨ ਅਸ਼ਵਨੀ ਪੱਪੂ, ਦਿਹਾਤੀ ਪ੍ਰਧਾਨ ਹਰਪ੍ਰਤਾਪ ਸਿੰਘ ਅਜਨਾਲਾ, ਸਾਬਕਾ ਪ੍ਰਧਾਨ ਤੇ ਹਲਕਾ ਇੰਚਾਰਜ ਮਜੀਠਾ ਭਗਵੰਤ ਪਾਲ ਸਿੰਘ ਸੱਚਰ, ਰਮਨ ਬਖਸ਼ੀ, ਰਾਜ ਕੰਵਲਪ੍ਰੀਤਪਾਲ ਸਿੰਘ ਲੱਕੀ, ਦਿਨੇਸ਼ ਬੱਸੀ, ਜੋਗਿੰਦਰ ਪਾਲ ਢੀਂਗਰਾ, ਵਿਕਾਸ ਸੋਨੀ ਆਦਿ ਵੀ ਹਾਜ਼ਰ ਸਨ।



ਸੀਨੀਅਰ ਆਗੂਆਂ ਦੇ ਨਾਲ ਮੀਟਿੰਗ ਕਰਦੇ ਹੋਏ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਉਨ੍ਹਾਂ ਦੇ ਕੋਲ ਮੌਜੂਦ ਗੁਰਜੀਤ ਸਿੰਘ ਰੰਧਾਵਾ, ਓ. ਪੀ. ਸੋਨੀ, ਭਗਵੰਤਪਾਲ ਸਿੰਘ ਸੱਚਰ ਅਤੇ ਹੋਰ। ਅਜੀਤ ਤਸਵੀਰ



ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਪ੍ਰੋ. ਲਕਸ਼ਮੀਕਾਂਤਾ ਚਾਵਲਾ। ਅਜੀਤ ਤਸਵੀਰ

# ਸ੍ਰੀ ਦੁਰਗਿਆਣਾ ਕਮੇਟੀ ਬੰਗਲਾਦੇਸ਼ 'ਚ ਹਿੰਦੂਆਂ 'ਤੇ ਹੋ ਰਹੇ ਅੱਤਿਆਚਾਰਾਂ ਖ਼ਿਲਾਫ ਰੋਸ ਮਾਰਚ ਕੱਢੇਗੀ-ਪ੍ਰੋ. ਲਕਸ਼ਮੀਕਾਂਤਾ ਚਾਵਲਾ

## ਲੋਕਾਂ ਨੂੰ ਰੋਸ਼ ਮਾਰਚ 'ਚ ਸ਼ਾਮਿਲ ਹੋਣ ਦੀ ਕੀਤੀ ਅਪੀਲ

ਅੰਮ੍ਰਿਤਸਰ, 8 ਦਸੰਬਰ (ਰਾਜੇਸ਼ ਕੁਮਾਰ ਸ਼ਰਮਾ)-ਸ੍ਰੀ ਦੁਰਗਿਆਣਾ ਕਮੇਟੀ ਦੇ ਪ੍ਰਧਾਨ ਪ੍ਰੋ. ਲਕਸ਼ਮੀਕਾਂਤਾ ਚਾਵਲਾ ਦੀ ਪ੍ਰਧਾਨਗੀ ਹੇਠ ਸ੍ਰੀ ਦੁਰਗਿਆਣਾ ਮੰਦਰ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ 'ਚ ਬੰਗਲਾਦੇਸ਼ ਵਿਚ ਹਿੰਦੂਆਂ ਉੱਤੇ ਹੋ ਰਹੇ ਅੱਤਿਆਚਾਰਾਂ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦੇ ਹੋਏ ਸ੍ਰੀ ਦੁਰਗਿਆਣਾ ਕਮੇਟੀ ਵਲੋਂ 10 ਦਸੰਬਰ ਦਿਨ ਮੰਗਲਵਾਰ ਨੂੰ ਰੋਸ ਮਾਰਚ ਕੱਢਣ ਦੀ ਯੋਜਨਾ ਉਲੀਕੀ ਗਈ। ਇਸ ਮੌਕੇ ਸ਼ਹਿਰ ਦੀਆਂ ਸਮੂਹ ਹਿੰਦੂ ਜਥੇਬੰਦੀਆਂ, ਸੰਤ ਸਮਾਜ ਅਤੇ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਪ੍ਰੋ. ਚਾਵਲਾ ਨੇ ਕਿਹਾ ਕਿ ਬੰਗਲਾਦੇਸ਼ ਸਰਕਾਰ ਹਿੰਦੂਆਂ 'ਤੇ ਅੱਤਿਆਚਾਰ ਕਰ ਰਹੀ ਹੈ। ਮੰਦਰਾਂ 'ਤੇ ਹਮਲੇ ਹੋ ਰਹੇ ਹਨ। ਔਰਤਾਂ ਦਾ ਅਪਮਾਨ ਕੀਤਾ ਜਾ ਰਿਹਾ ਹੈ। ਇਨ੍ਹੀਂ ਦਿਨੀਂ ਖਾਸ ਤੌਰ 'ਤੇ ਇਸਕਾਨ ਦੇ ਮੰਦਰਾਂ ਅਤੇ ਸੰਤਾਂ 'ਤੇ ਹਮਲੇ ਹੋ ਰਹੇ ਹਨ। ਇਹ ਸੱਚ ਹੈ ਕਿ ਦੁਨੀਆ ਦੇ ਕਈ ਦੇਸ਼ਾਂ 'ਚ ਇਸਕਾਨ ਸਮੇਤ ਭਾਰਤ ਦੇ ਕਈ ਧਾਰਮਿਕ ਭਾਈਚਾਰਿਆਂ ਦੇ ਮੰਦਰ, ਮੱਠ, ਕਥਾ, ਭਜਨ, ਕੀਰਤਨ ਆਦਿ ਹਨ, ਪਰ ਹੁਣ ਸਾਨੂੰ ਸਬਕ ਸਿੱਖਣਾ ਚਾਹੀਦਾ ਹੈ। ਕੇਵਲ ਗ੍ਰੰਥ, ਮਾਲਾ, ਲੰਗਰ ਜਾਂ ਕੀਰਤਨ ਹੀ ਕਾਫੀ ਨਹੀਂ ਹੋਵੇਗਾ। ਇਸਕਾਨ ਦੇ ਸਾਰੇ ਚੇਲੇ ਸਾਰੀ ਦੁਨੀਆਂ 'ਚ ਹਨ, ਜੇ ਉਨ੍ਹਾਂ ਨੂੰ ਹਥਿਆਰ ਬਣਾ ਦਿੱਤਾ ਜਾਂਦਾ ਤਾਂ ਹਿੰਦੂਆਂ ਦੀ ਇਹ ਦੁਰਦਸ਼ਾ ਨਾ ਹੁੰਦੀ। ਭਾਰਤ ਦੇ ਸਾਰੇ ਸ਼ੰਕਰਾਚਾਰੀਆ, ਮਹਾਮੰਡਲੇਸ਼ਵਰ, ਜੈਨ ਸੰਤ, ਬੋਧੀ ਸੰਤ, ਨਾਮਧਾਰੀ, ਨਿਰੰਕਾਰੀਆਂ, ਰਾਧਾਸੁਆਮੀ, ਨਿਹੰਗ ਸਿੰਘਾਂ ਅਤੇ ਹੋਰ ਸਾਰੇ ਸੰਪਰਦਾਵਾਂ ਨੂੰ ਇਕ ਮੰਚ 'ਤੇ ਇਕੱਠੇ ਹੋ ਕੇ ਧਾਰਮਿਕ ਜਗਤ ਨੂੰ ਹੁਕਮ ਕਰਨਾ ਚਾਹੀਦਾ ਹੈ ਕਿ ਉਹ ਹੁਣ ਮਾਲਾ ਦੇ ਨਾਲ-ਨਾਲ ਬਰਛੀ ਨੂੰ ਵੀ ਅਪਨਾਉਣ। ਮੀਟਿੰਗ 'ਚ ਪ੍ਰਧਾਨ ਪ੍ਰੋ. ਚਾਵਲਾ ਨੇ ਸਮੂਹ ਹਿੰਦੂ ਸੰਗਠਨਾਂ ਨੂੰ ਇਸ ਰੋਹ ਮਾਰਚ 'ਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਜਨਰਲ ਸਕੱਤਰ ਅਰੁਣ ਖੰਨਾ, ਮੀਤ ਪ੍ਰਧਾਨ ਬਿਮਲ ਅਰੋੜਾ, ਚੇਅਰਮੈਨ ਰਾਕੇਸ਼ ਸ਼ਰਮਾ, ਵਿਜੇ ਖੰਨਾ, ਪ੍ਰਚਾਰਕ ਵਿਜੇ, ਕਮਲ ਕਪੂਰ, ਯੁੱਧਵੀਰ, ਸੰਤੋਸ਼ ਗੁਪਤਾ, ਸਮੂਹ ਹਿੰਦੂ ਜਥੇਬੰਦੀਆਂ ਅਤੇ ਸੰਤ ਸਮਾਜ ਨੇ ਸ਼ਮੂਲੀਅਤ ਕੀਤੀ।



ਦੇਸੀ ਪਿਸਤੌਲ ਅਤੇ ਇੱਕ ਰੌਂਦ ਸਮੇਤ ਕਾਬੂ ਨੌਜਵਾਨਾਂ ਨਾਲ ਏ.ਐਸ.ਆਈ ਬਲਵਿੰਦਰ ਸਿੰਘ, ਏ.ਐਸ.ਆਈ ਰਣਯੋਧ ਸਿੰਘ ਤੇ ਹੋਰ ਪੁਲਸ ਕਰਮਚਾਰੀ। ਤਸਵੀਰ: ਗੁਰਪ੍ਰੀਤ ਸਿੰਘ ਢਿੱਲੋਂ

# ਨਾਜਾਇਜ਼ ਪਿਸਤੌਲ (ਦੇਸੀ ਕੱਟਾ) ਤੇ ਇਕ ਰੌਂਦ ਸਮੇਤ 2 ਨੌਜਵਾਨ ਕਾਬੂ, ਮਾਮਲਾ ਦਰਜ

## ਅਦਾਲਤ ਵਲੋਂ ਦੋਵਾਂ ਨੂੰ ਇਕ ਦਿਨ ਦੇ ਪੁਲਿਸ ਰਿਮਾਂਡ ਤੇ ਭੇਜਿਆ

ਅਜਨਾਲਾ, 8 ਦਸੰਬਰ (ਗੁਰਪ੍ਰੀਤ ਸਿੰਘ ਢਿੱਲੋਂ)-ਡੀ.ਆਈ.ਜੀ. ਬਾਰਡਰ ਰੇਂਜ ਸਤਿੰਦਰ ਸਿੰਘ ਦੇ ਹੁਕਮਾਂ ਅਨੁਸਾਰ ਡੀ.ਐੱਸ.ਪੀ. ਅਜਨਾਲਾ ਗੁਰਵਿੰਦਰ ਸਿੰਘ ਔਲਖ ਦੀ ਅਗਵਾਈ 'ਚ ਥਾਣਾ ਅਜਨਾਲਾ ਦੀ ਪੁਲਿਸ ਵਲੋਂ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਜਾ ਰਹੀ ਮੁਹਿੰਮ ਦੌਰਾਨ ਇੱਕ ਵਿਅਕਤੀ ਨੂੰ ਨਾਜਾਇਜ਼ ਦੇਸੀ ਪਿਸਟਲ (ਦੇਸੀ ਕੱਟਾ) ਅਤੇ ਜਿੰਦਾ ਕਾਰਤੂਸਾਂ ਸਮੇਤ ਕਾਬੂ ਕਰਨ ਵਿਚ ਸਫਲਤਾ ਹਾਸਿਲ ਕੀਤੀ ਹੈ। ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਡੀ.ਐੱਸ.ਪੀ ਅਜਨਾਲਾ ਗੁਰਵਿੰਦਰ ਸਿੰਘ ਔਲਖ ਅਤੇ ਥਾਣਾ ਅਜਨਾਲਾ ਦੇ ਐੱਸ.ਐੱਚ.ਓ. ਇੰਸਪੈਕਟਰ ਸਤਪਾਲ ਸਿੰਘ ਨੇ ਦੱਸਿਆ ਕਿ ਏ.ਐੱਸ.ਆਈ. ਬਲਵਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵਲੋਂ ਚੈਕਿੰਗ ਦੇ ਸੰਬੰਧ ਵਿਚ ਪੁਲ ਸੂਆ ਧਾਰੀਵਾਲ ਕਲੇਰ 'ਤੇ ਮੌਜੂਦ ਸੀ ਕਿ ਪਿੰਡ ਚਮਿਆਰੀ ਦੀ ਤਰਫੋਂ ਦੋ ਮੋਨੇ ਨੌਜਵਾਨ ਸਪਲੈਂਡਰ ਬਿਨਾਂ ਨੰਬਰੀ 'ਤੇ ਸਵਾਰ ਹੋ ਕੇ ਆਉਂਦੇ ਦਿਖਾਈ ਦਿੱਤੇ, ਜੋ ਪੁਲਿਸ ਪਾਰਟੀ ਨੂੰ ਦੇਖ ਕੇ ਯੱਕਦਮ ਮੋਟਰਸਾਇਕਲ ਦੀ ਬਰੇਕ ਮਾਰ ਕੇ ਪਿੱਛੇ ਨੂੰ ਮੁੜਨ ਲੱਗ ਸੀ, ਜਿਨ੍ਹਾਂ ਨੂੰ ਪੁਲਿਸ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਜਦ ਕੈਪਟਨ ਸਿੰਘ ਦੀ ਤਲਾਸ਼ੀ ਲਈ ਤਾਂ ਉਸਦੀ ਖੱਬੀ ਡੱਬ ਵਿੱਚੋ ਇਕ ਪਿਸਤੋਲ (ਦੇਸੀ ਕੱਟਾ) 315 ਬੋਰ ਬਰਾਮਦ ਹੋਇਆ ਅਤੇ ਉਸਨੂੰ ਅਨਲੋਡ ਕਰਨ ਤੇ ਉਸ ਵਿੱਚੋਂ ਇਕ ਜਿੰਦਾ ਰੌਂਦ ਬਰਾਮਦ ਹੋਇਆ। ਉਨ੍ਹਾਂ ਅੱਗੇ ਦੱਸਿਆ ਕਿ ਦੇਸੀ ਪਿਸਤੋਲ ਤੇ ਰੌਂਦ ਸਮੇਤ ਕਾਬੂ ਨੌਜਵਾਨ ਕੈਪਟਨ ਸਿੰਘ ਪੁੱਤਰ ਹਰਜੀਤ ਸਿੰਘ ਵਾਸੀ ਪਿੰਡ ਮਾਲੇਵਾਲ ਅਤੇ ਨਫਤਾਲੀ ਉਰਫ ਕਾਲੂ ਪੁੱਤਰ ਸੁੱਚਾ ਮਸੀਹ ਖਿਲਾਫ ਥਾਣਾ ਅਜਨਾਲਾ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਦੋਵਾਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ ਗਿਆ ਹੈ ਜਿਥੇ ਅਦਾਲਤ ਵਲੋਂ ਪੁਲਿਸ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਦੋਵਾਂ ਨੂੰ ਇੱਕ ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ।




ਦਲਿੱਤ ਸੰਮੇਲਨ 'ਚ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਐੱਸ.ਸੀ. ਵਿੰਗ ਪੰਜਾਬ ਦੇ ਪ੍ਰਧਾਨ ਰਵਿੰਦਰ ਹੰਸ, ਵਾਲਮੀਕ ਰੰਗਰੇਟਾ ਦੇ ਅਮਰੀਕ ਸਿੰਘ, ਅਮਿਤ ਕੁਮਾਰ, ਸਮਾਜ ਸੇਵੀ ਐਡਵੋਕੇਟ ਰਜੀਵ ਮਦਾਨ, ਗੀਤਾ ਗਿੱਲ ਨੂੰ ਸਨਮਾਨਿਤ ਕਰਦੇ ਪ੍ਰਧਾਨ ਮਿੱਠੂ ਸ਼ਾਹ , ਡਿੰਪਲ ਕੁਮਾਰ ਰਮਦਾਸ ਤੇ ਉਨ੍ਹਾਂ ਨਾਲ ਹੋਰ। ਤਸਵੀਰ : ਜਸਵੰਤ ਸਿੰਘ ਵਾਹਲਾ

# ਦਲਿਤ ਭਾਈਚਾਰੇ ਦੇ ਲੋਕਾਂ ਨੂੰ ਜਾਗਰੂਕ ਕਰਨ ਸੰਬੰਧੀ ਰਮਦਾਸ ਵਿਖੇ ਕਰਵਾਇਆ ਗਿਆ ਪਹਿਲਾ ਦਲਿਤ ਸੰਮੇਲਨ

ਰਮਦਾਸ, 8 ਦਸੰਬਰ (ਜਸਵੰਤ ਸਿੰਘ ਵਾਹਲਾ)—ਮਹਾਂਰਿਸ਼ੀ ਵਾਲਮੀਕਿ ਏਕਤਾ ਵੈਲਫੇਅਰ ਰਜਿ: ਰਮਦਾਸ ਅਤੇ ਦਲਿਤ ਭਾਈਚਾਰੇ ਵਲੋਂ ਡਾ. ਭੀਮ ਰਾਓ ਅੰਬੇਡਕਰ ਜੀ ਦੀ ਪੁਨਯ ਤਿਥੀ ਮੌਕੇ ਦਲਿੱਤ ਭਾਈਚਾਰੇ ਦੇ ਲੋਕਾਂ ਨੂੰ ਜਾਗਰੂਕ ਕਰਨ ਸੰਬੰਧੀ ਭਗਵਾਨ ਵਾਲਮੀਕ ਮੰਦਿਰ ਰਮਦਾਸ ਵਿਖੇ ਪਹਿਲਾ ਦਲਿੱਤ ਸੰਮੇਲਨ ਕਰਵਾਇਆ ਗਿਆ ਜਿਸ ਵਿਚ ਪੁੱਜੇ ਵਾਲਮੀਕਿ ਆਦੀ ਧਰਮ ਸਮਾਜ ਦੇ ਮੁੱਖੀ ਸੰਤ ਬਾਬਾ ਮੇਘਨਾਥ, ਐੱਸ.ਸੀ. ਵਿੰਗ ਪੰਜਾਬ ਦੇ ਵਾਈਸ ਪ੍ਰਧਾਨ ਰਵਿੰਦਰ ਹੰਸ, ਵਾਲਮੀਕਿ ਰੰਗਰੇਟਾ ਸ਼ਕਤੀ ਮੰਚ ਦੇ ਪ੍ਰਧਾਨ ਅਮਰੀਕ ਸਿੰਘ, ਜੈ ਭੀਮ ਮਹਾਂ ਸੰਘ ਦੇ ਸੰਸਥਾਪਕ ਅਮਿਤ ਕੁਮਾਰ, ਸਮਾਜ ਸੇਵੀ ਐਡਵੋਕੇਟ ਰਜੀਵ ਮਦਾਨ, ਗੀਤਾ ਗਿੱਲ ਨੇ ਵੀ ਵਿਸ਼ੇਸ਼ ਤੌਰ ਤੇ ਪਹੁੰਚ ਕੇ ਦਲਿੱਤ ਭਾਈਚਾਰੇ ਦੇ ਲੋਕਾਂ ਨੂੰ ਡਾ. ਭੀਮ ਰਾਓ ਅੰਬੇਡਕਰ ਦੁਆਰਾ ਦਿਵਾਏ ਗਏ ਬਰਾਬਰਤਾ ਦੇ ਅਧਿਕਾਰਾਂ ਤੋਂ ਜਾਣੂ ਕਰਵਾਇਆ ਤੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਦੇ ਸਿਧਾਂਤ ਪੜ੍ਹੋ, ਜੁੜੋ ਅਤੇ ਸੰਘਰਸ਼ ਕਰੋ 'ਤੇ ਜ਼ੋਰ ਦੇਣਾ ਚਾਹੀਦਾ ਹੈ। ਇਸ ਸਮੇਂ ਪ੍ਰਧਾਨ ਮਿੱਠੂ ਸ਼ਾਹ ਤੇ ਡਿੰਪਲ ਕੁਮਾਰ ਨੇ ਡਾ. ਭੀਮ ਰਾਓ ਅੰਬੇਡਕਰ ਰਮਦਾਸ ਵਿਖੇ ਬੁੱਤ ਲਗਾਉਣ ਦੀ ਮੰਗ ਵੀ ਕੀਤੀ। ਇਸ ਮੌਕੇ ਆਪ ਦੇ ਬਲਾਕ ਸੰਦੀਪ ਖਹਿਰਾ, ਕਰਨਜੀਤ ਸਿੰਘ ਬਿੱਟੂ, ਸ਼ਮਸ਼ੇਰ ਸਿੰਘ ਸਿੰਧੀ, ਆਦੀ ਧਰਮ ਸਮਾਜ ਦੇ ਜ਼ਿਲ੍ਹਾ ਪ੍ਰਧਾਨ ਦੁਰੋਜਨ, ਸਰਪੰਚ ਡਿੰਪਲ ਡਿਆਲ ਭੜੰਗ, ਸਰਪੰਚ ਗੁਰਪ੍ਰੀਤ ਸਿੰਘ ਘੁੰਮਰਾਏ, ਹਰਪਾਲ ਸਿੰਘ, ਬਲਜਿੰਦਰ ਸਿੰਘ ਰੰਧਾਵਾ, ਸੀਨੀਅਰ ਸਲਾਹਕਾਰ ਕਿਸ਼ਨ ਚੰਦ, ਸਕੱਤਰ ਦਲਬੀਰ ਸਿੰਘ ਲਾਲੀ, ਬਲਾਕ ਪ੍ਰਧਾਨ ਮਨਦੀਪ ਸਿੰਘ ਸ਼ੇਰਾ, ਸ਼ਹਿਰੀ ਪ੍ਰਧਾਨ ਮਨੀ ਸਿੰਘ, ਉਪ ਪ੍ਰਧਾਨ ਹੀਰਾ ਸਿੰਘ, ਸ਼ਾਮ ਲਾਲ, ਦੀਪਕ ਗਿੱਲ, ਕਾਲਾ ਸਿੰਘ, ਵਿੱਕੀ ਸਿੰਘ, ਬਲਜਿੰਦਰ ਰਮਦਾਸ, ਸੁਰਜੀਤ ਸਿੰਘ, ਮਹਿਲਾ ਵਿੰਗ ਪ੍ਰਧਾਨ ਬੇਵੀ ਰਮਦਾਸ, ਕੌਂਸਲਰ ਗੁਰਮੀਤ ਕੌਰ, ਦਮਨਪ੍ਰੀਤ ਕੌਰ, ਬੀਬੀ ਦਰਸ਼ਨਾ, ਬੀਬੀ ਗੁਰਮੀਤ ਕੌਰ, ਸਿਮਰਨਜੀਤ ਕੌਰ ਆਦਿ ਹਾਜ਼ਰ ਸਨ। ਇਸ ਸਮੇ ਮਹਾਂਰਿਸ਼ੀ ਵਾਲਮੀਕ ਏਕਤਾ ਵੈਲਫੇਅਰ ਰਜਿ: ਰਮਦਾਸ ਦੇ ਪੰਜਾਬ ਪ੍ਰਧਾਨ ਮਿੱਠੂ ਸ਼ਾਹ ਅਤੇ ਦਲਿੱਤ ਭਾਈਚਾਰੇ ਅਤੇ ਦਲਿੱਤ ਆਗੂ ਡਿੰਪਲ ਕੁਮਾਰ ਰਮਦਾਸ ਨੇ ਸੰਮੇਲਨ 'ਚ ਪਹੁੰਚੇ ਲੋਕਾਂ ਦਾ ਧੰਨਵਾਦ ਕੀਤਾ ਤੇ ਸੰਮੇਲਨ 'ਚ ਵਿਸ਼ੇਸ਼ ਤੌਰ 'ਤੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।



ਪੁਲਿਸ ਚੌਂਕੀ ਸਠਿਆਲਾ ਨੂੰ ਜਿੰਦਰਾ ਲੱਗਣ 'ਤੇ ਸਰਪੰਚ ਗੁਰਜਿੰਦਰ ਸਿੰਘ ਗਿੰਦਾ, ਹਰਜਿੰਦਰ ਸਿੰਘ, ਲਖਵਿੰਦਰ ਸਿੰਘ, ਸੋਨਾ ਪ੍ਰਧਾਨ ਵਿਰੋਧ ਕਰਨ ਸਮੇਂ ਨਾਲ ਹੋਰ। ਤਸਵੀਰ : ਜਗੀਰ ਸਿੰਘ ਸਫਰੀ

# ਪੁਲਿਸ ਚੌਂਕੀ ਸਠਿਆਲਾ ਨੂੰ ਜਿੰਦਰਾ ਲੱਗਣ 'ਤੇ ਲੋਕਾਂ ਵਲੋਂ ਵਿਰੋਧ

## ਦੁਕਾਨਦਰਾਂ ਤੇ ਆਸ ਪਾਸ ਦੇ ਪਿੰਡਾਂ ਦੇ ਸਰਪੰਚਾਂ, ਪੰਚਾਂ, ਮੁਹਤਬਰਾਂ ਲੋਕਾਂ ਦੀ ਸੁਰੱਖਿਆ ਨੂੰ ਛੱਡਿਆ ਰੱਬ ਆਸਰੇ

ਸਠਿਆਲਾ, 8 ਦਸੰਬਰ (ਜਗੀਰ ਸਿੰਘ ਸਫਰੀ)—ਜ਼ਿਲ੍ਹਾ ਪੁਲਿਸ ਸੀਨੀਅਰ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਪੁਲਿਸ ਸਠਿਆਲਾ ਦੇ ਦਰਵਾਜ਼ੇ ਨੂੰ ਜਿੰਦਰਾ ਲੱਗਣ 'ਤੇ ਸਰਪੰਚਾਂ, ਪੰਚਾਂ, ਮੋਹਤਬਰਾਂ ਤੇ ਅਮਨ ਪਸੰਦ ਲੋਕਾਂ ਵਲੋਂ ਵਿਰੋਧ ਕੀਤਾ ਜਾ ਰਿਹਾ ਹੈ। ਇਸ ਮੌਕੇ ਤੇ ਸਰਪੰਚ ਗੁਰਜਿੰਦਰ ਸਿੰਘ ਗਿੰਦਾ, ਸਰਪੰਚ ਦਲਬੀਰ ਸਿੰਘ, ਪ੍ਰਧਾਨ ਬੂਟਾ ਸਿੰਘ, ਸਰਪੰਚ ਜਸਬੀਰ ਸਿੰਘ ਡਿੰਪਾ, ਲਖਵਿੰਦਰ ਸਿੰਘ ਪਟਵਾਰੀ, ਜਸਬੀਰ ਸਿੰਘ ਚੱਠਾ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਕਸਬਾ ਸਠਿਆਲਾ ਦੇ ਵਿਚ ਚਾਰ ਬੈਂਕਾਂ, ਸਕੂਲਜ਼, ਕਾਲਜ, ਡਾਕਖਾਨਾ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਅਮਨ ਪਸੰਦ ਲੋਕਾਂ ਨੂੰ ਰੱਬ ਆਸਰੇ ਛੱਡ ਦਿੱਤਾ ਹੈ ਜੇਕਰ ਪੁਲਿਸ ਚੌਂਕੀ ਬੰਦ ਕੀਤੀ ਜਾਂਦੀ ਹੈ ਕਿ ਤਾਂ ਆਪਰਾਧੀਆਂ ਦੇ ਹੌਂਸਲੇ ਹੋਰ ਵਧ ਜਾਣਗੇ। ਉਨ੍ਹਾਂ ਨੇ ਕਿਹਾ ਹੈ ਕਿ ਥਾਣਾ ਬਿਆਸ 10 ਕਿਲੋਮੀਟਰ ਦੂਰ ਪੈਂਦਾ ਹੈ ਤੇ ਲੋਕਾਂ ਨੇ ਪੁਲਿਸ ਚੌਂਕੀ ਸਠਿਆਲਾ ਦੇ ਸਾਹਮਣੇ ਰੋਸ ਪ੍ਰਗਟਾਵਾ ਕਰਦਿਆਂ ਕਿਹਾ ਹੈ ਦੁਕਾਨਦਾਰਾਂ, ਸਰਪੰਚਾਂ, ਪੰਚਾਂ ਤੇ ਮੋਹਤਬਰਾਂ ਲੋਕਾਂ ਨੂੰ ਸੁਰੱਖਿਆ ਨੂੰ ਰੱਬ ਆਸਰੇ ਤੇ ਛੱਡਿਆ ਜਾ ਰਿਹਾ ਹੈ। ਇਸ ਬਾਰੇ ਚੌਂਕੀਂ ਇੰਚਾਰਜ ਬਲਵਿੰਦਰ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਨੇ ਦੱਸਿਆ ਹੈ ਕਿ ਵੀ.ਆਈ.ਪੀ. ਡਿਊਟੀ ਮੁਲਾਜ਼ਮਾਂ ਦੀ ਲੱਗੀ ਹੈ ਤੇ ਪੁਲਿਸ ਦੀ ਨਫਰੀ ਵੀ ਘੱਟ ਹੈ, ਜਿਸ ਕਰਕੇ ਥੋੜੇ ਦਿਨਾਂ ਲਈ ਚੌਂਕੀ ਬੰਦ ਰਹੇਗੀ ਜਦ ਵੀ.ਆਈ.ਪੀ. ਡਿਊਟੀ ਖ਼ਤਮ ਹੁੰਦੀ ਹੈ ਤਾਂ ਪੁਲਿਸ ਮੁਲਾਜ਼ਮ ਪੁਲਿਸ ਚੌਂਕੀ ਸਠਿਆਲਾ ਵਿਖੇ ਵਾਪਸ ਆ ਜਾਣਗੇ। ਇਸ ਮੌਕੇ ਤੇ ਸਾਬਕਾ ਸਰਪੰਚ ਸੰਤੋਖ ਸਿੰਘ, ਸੂਬੇਦਾਰ ਬਲਵਿੰਦਰ ਸਿੰਘ, ਮੈਂਬਰ ਸੁਰਜੀਤ ਸਿੰਘ, ਹਰਜਿੰਦਰ ਸਿਘ ਭਲਵਾਨ, ਜਸਬੀਰ ਸਿੰਘ ਸੋਢੀ, ਸੋਨਾ ਪ੍ਰਧਾਨ, ਗੁਰਭੇਜ ਸਿੰਘ ਬੱਲ, ਲਾਡੀ ਰਾਮ ਆਦਿ ਹਾਜ਼ਰ ਸਨ।



ਇਤਿਹਾਸਕ ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ 0 ਤੋਂ 5 ਸਾਲ ਦੇ ਬੱਚਿਆਂ ਨੂੰ ਪੋਲ੍ਹਿਉ ਬੂੰਦਾਂ ਪਿਲਾਉਣ ਦੀ ਸ਼ੁਰੂਆਤ ਕਰਦਿਆਂ ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ। ਨਾਲ ਹਨ ਅਮਰਜੀਤ ਸਿੰਘ ਅਕਾਊਂਟੈਂਟ ਅਤੇ ਸਿਵਲ ਹਸਪਤਾਲ ਦਾ ਸਟਾਫ। ਤਸਵੀਰਾਂ : ਸ਼ੈਲਿੰਦਰਜੀਤ ਸਿੰਘ ਰਾਜਨ

# ਇਤਿਹਾਸਕ ਗੁਰਦੁਆਰਾ ਸਾਹਿਬ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ 0 ਤੋਂ 5 ਸਾਲ ਦੇ ਬੱਚਿਆਂ ਨੂੰ ਪੋਲਿਓ ਰੋਕੂ ਬੂੰਦਾਂ ਪਿਲਾਈਆਂ

ਬਾਬਾ ਬਕਾਲਾ ਸਾਹਿਬ, 8 ਦਸੰਬਰ (ਸ਼ੈਲਿੰਦਰਜੀਤ ਸਿੰਘ ਰਾਜਨ)—ਅੱਜ ਇੱਥੇ ਇਤਿਹਾਸਕ ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ 0 ਤੋਂ 5 ਸਾਲ ਦੇ ਬੱਚਿਆਂ ਨੂੰ ਪੋਲ੍ਹਿਉ ਬੂੰਦਾਂ ਪਿਲਾਈਆਂ ਗਈਆਂ, ਜਿਸਦੀ ਰਸਮੀਂ ਸ਼ੁਰੂਆਤ ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਨੇ ਬੱਚਿਆਂ ਨੂੰ ਪੋਲੀਉ ਬੂੰਦਾਂ ਪਿਲਾਕੇ ਕੀਤੀ। ਇਸ ਮੌਕੇ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਤੋਂ ਸੀਨੀਅਰ ਮੈਡੀਕਲ ਅਫਸਰ ਡਾ: ਨੀਰਜ ਭਾਟੀਆ, ਮਨਦੀਪ ਕੌਰ ਬੀ.ਈ.ਈ. ਨਵਦੀਪ ਸਿੰਘ ਚੀਮਾਂ ਐਸ.ਐਮ.ਆਈ. ਰੁਪਿੰਦਰ ਕੌਰ ਸਟਾਫ ਨਰ, ਨਰਿੰਦਰਪਾਲ ਕੌਰ ਆਸ਼ਾ ਵਰਕਰ, ਇਕਬਾਲ ਕੌਰ, ਸ਼ਿੰਦਰ ਕੌਰ ਆਂਗਣਵਾੜੀ ਵਰਕਰ ਤੋਂ ਇਲਾਵਾ ਗੁਰਦੁਆਰਾ ਸਾਹਿਬ ਵਲੋਂ ਮੀਤ ਮੈਨੇਜਰ ਭਾਈ ਜਗਤਾਰ ਸਿੰਘ, ਮੀਤ ਮੈਨੇਜਰ ਭਾਈ ਸ਼ੇਰ ਸਿੰਘ, ਅਮਰਜੀਤ ਸਿੰਘ ਅਕਾਊਟੈਂਟ, ਇੰਚਾਰਜ ਸੁਖਵਿੰਦਰ ਸਿੰਘ ਬੁਤਾਲਾ, ਹੈੱਡ ਗ੍ਰੰਥੀ ਭਾਈ ਹਰਦੇਵ ਸਿੰਘ, ਜਰਮਨਜੀਤ ਸਿੰਘ ਜਲਾਲ ਉਸਮਾਂ, ਸਤਨਾਮ ਸਿੰਘ, ਜੋਗਿੰਦਰ ਸਿੰਘ ਪਾਇਲਟ, ਗੁਰਮਿੰਦਰ ਸਿੰਘ ਡੱਲਾ, ਮਨਿੰਦਰ ਸਿੰਘ ਭੁੱਲਰ, ਹਰਦੀਪ ਸਿੰਘ, ਸਰਬਜੀਤ ਸਿੰਘ ਪੱਡਾ, ਮੰਗਦੀਪ ਸਿੰਘ, ਜਸਵਿੰਦਰ ਸਿੰਘ ਕਾਲਾ, ਤੇਜਿੰਦਰ ਸਿੰਘ ਬੱਲ ਸਠਿਆਲਾ, ਹਰਬਿੰਦਰ ਸਿੰਘ ਧਾਰੋਵਾਲੀ, ਗੁਰਭੇਜ ਸਿੰਘ ਸਰਾਂ, ਹਰਪ੍ਰੀਤ ਸਿੰਘ ਆਨੰਦ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਬਲਾਕ ਤਰਸਿੱਕਾ ਦੇ ਵੱਖ-ਵੱਖ ਪਿੰਡਾਂ ਵਿਚ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪਿਆਈਆਂ ਪਲਸ ਪੋਲੀਓ ਬੂੰਦਾਂ

ਤਰਸਿੱਕਾ, 8 ਦਸੰਬਰ (ਅਤਰ ਸਿੰਘ ਤਰਸਿੱਕਾ)—ਪਲਸ ਪੋਲੀਓ ਦੀ ਨਾਮੁਰਾਦ ਬਿਮਾਰੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਅੱਜ ਸਮੂਹਿਕ ਸਿਹਤ ਕੇਂਦਰ ਤਰਸਿੱਕਾ ਦੇ ਸਟਾਫ ਮੈਂਬਰਾਂ ਵਲੋਂ ਡਾ. ਮੋਨਾ ਚਤਰੱਥ ਐੱਸ. ਐੱਮ. ਓ. ਦੀ ਅਗਵਾਈ ਹੇਠ ਬਲਾਕ ਤਰਸਿੱਕਾ ਦੇ ਵੱਖ-ਵੱਖ ਪਿੰਡਾਂ ਵਿਚ 0 ਤੋਂ 5 ਸਾਲ ਦੇ ਬੱਚਿਆਂ ਨੂੰ ਪਲਸ ਪੋਲੀਓ ਬੂੰਦਾਂ ਪਿਆਈਆਂ ਗਈਆਂ। ਅਜਮੇਰ ਸਿੰਘ ਸੋਹੀ ਸੁਪਰਵਾਈਜ਼ਰ ਨੇ ਦੱਸਿਆ ਕਿ ਅਸਾਂ ਵੱਖ-ਵੱਖ ਟੀਮਾਂ ਬਣਾ ਕੇ ਪਿੰਡ ਚੋਗਾਵਾਂ, ਸਾਧਪੁਰ, ਸੈਦੋਲੇਲ੍ਹ, ਖੁਜਾਲਾ, ਅੱਡਾ ਖੁਜਾਲਾ, ਭੀਲੋਵਾਲ, ਭੋਏ ਤੇ ਤਾਹਿਰਪੁਰਾ ਆਦਿ ਪਿੰਡਾਂ 'ਚ ਪੂਰੀ ਤਨਦੇਹੀ ਨਾਲ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਆਈਆਂ ਗਈਆਂ ਤਾਂ ਕੇ ਇਸ ਬੀਮਾਰੀ ਨੂੰ ਸਦਾ ਲਈ ਖ਼ਤਮ ਕੀਤਾ ਜਾ ਸਕੇ ਤੇ ਸਿਹਤਮੰਦ ਪੰਜਾਬ ਬਣਾਇਆ ਜਾ ਸਕੇ। ਇਸ ਮੁਹਿੰਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਡਾ. ਸਿਮਰਨਜੀਤ ਸਿੰਘ, ਅਜਮੇਰ ਸਿੰਘ ਸੋਹੀ, ਬਲਰਾਜਬੀਰ ਸਿੰਘ, ਸੁਖਚੈਨ ਸਿੰਘ ਸੈਦੋਲੇਲ, ਕਿਰਨਜੀਤ ਕੌਰ, ਅਰਸਪ੍ਰੀਤ ਸਿੰਘ, ਅਮਨਦੀਪ ਕੌਰ, ਸਰਬਜੀਤ ਕੌਰ, ਪਲਵਿੰਦਰ ਕੌਰ, ਨਵਦੀਪ ਸਿੰਘ ਤੇ ਸਮੂਹ ਆਂਗਣਵਾੜੀ ਵਰਕਰਾਂ ਨੇ ਅਹਿਮ ਯੋਗਦਾਨ ਪਾਇਆ ਗਿਆ।






ਕੀਰਤਨ ਕਰਦਾ ਹੋਇਆ ਭਾਈ ਗੁਰਕੀਰਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦਾ ਜਥਾ। (ਸੱਜੇ) ਗੁਰਦੁਆਰਾ ਬਾਬਾ ਹੁੰਦਾਲ ਦੇ ਮੁੱਖ ਸੇਵਾਦਾਰ ਸੰਤ ਬਾਬਾ ਪਰਮਾਨੰਦ ਜੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਤੇ ਚਾਨਣਾਂ ਪਾਉਂਦੇ ਹੋਏ ਅਤੇ ਸੰਗਤਾਂ ਦਾ ਇਕੱਠ। ਤਸਵੀਰਾਂ : ਪ੍ਰਮਿੰਦਰ ਸਿੰਘ ਜੋਸਨ

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਰਤਨ ਦਰਬਾਰ ਕਰਾਇਆ

## ਸੰਤ ਬਾਬਾ ਪਰਮਾਨੰਦ ਦੇ ਉੱਦਮ ਸਦਕਾ ਪੱਤਰਕਾਰ ਭਾਈਚਾਰੇ ਨੇ ਕਰਾਇਆ ਸਮਾਗਮ

ਜੰਡਿਆਲਾ ਗੁਰੂ 8 ਦਸੰਬਰ (ਪ੍ਰਮਿੰਦਰ ਸਿੰਘ ਜੋਸਨ, ਹਰਜਿੰਦਰ ਸਿੰਘ ਕਲੇਰ)—ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰ ਗੁਰਦੁਆਰਾ ਬਾਬਾ ਹੁੰਦਾਲ ਜੀ ਜੰਡਿਆਲਾ ਗੁਰੂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸੰਤ ਬਾਬਾ ਪਰਮਾਨੰਦ ਜੀ ਦੇ ਉਦਮ ਸਦਕਾ ਹਲਕਾ ਜੰਡਿਆਲਾ ਗੁਰੂ ਦੇ ਪੱਤਰਕਾਰ ਭਾਈਚਾਰੇ ਵਲੋਂ ਕਰਾਇਆ ਗਿਆ ਜਿਸ ਵਿਚ ਭਾਈ ਗੁਰਕੀਰਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਭਾਈ ਸਤਿਨਾਮ ਸਿੰਘ ਭਾਈ ਹਰਜਿੰਦਰ ਸਿੰਘ ਦੇ ਰਾਗੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਜਸ ਦੁਆਰਾ ਨਿਹਾਲ ਕੀਤਾ। ਭਾਈ ਗੁਰਕੀਰਤ ਸਿੰਘ ਅਤੇ ਭਾਈ ਕਰਨੈਲ ਸਿੰਘ ਦੇ ਹਜ਼ੂਰੀ ਰਾਗੀ ਜਥੇ ਨੇ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਤੇ ਚਾਨਣਾ ਪਾਇਆ ਕਿ ਉਨ੍ਹਾਂ ਨੇ ਕਿਸ ਤਰ੍ਹਾਂ ਦਿੱਲੀ ਦੇ ਚਾਂਦਨੀ ਚੌਂਕ ਵਿਚ ਸ਼ਹੀਦੀ ਦਿੱਤੀ ਅਤੇ ਉਨ੍ਹਾਂ ਸੰਗਤਾਂ ਨੂੰ ਗੁਰਬਾਣੀ ਨਾਲ ਜੁੜ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ। ਇਸ ਕੀਰਤਨ ਦਰਬਾਰ ਵਿਚ ਹਾਜ਼ਰੀ ਭਰਨ ਲਈ ਸ਼ਹਿਰ ਅਤੇ ਇਲਾਕੇ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ ਤੇ ਸੈਂਕੜਿਆਂ ਦੀ ਤਾਦਾਦ ਵਿਚ ਸੰਗਤਾਂ ਨੇ ਗੁਰਦੁਆਰਾ ਬਾਬਾ ਹੁੰਦਾਲ ਜੀ ਵਿਖੇ ਨਤਮਸਤਕ ਹੋ ਕੇ ਗੁਰਬਾਣੀ ਦਾ ਨਾਮ ਜਪਿਆ। ਗੁਰਦੁਆਰਾ ਬਾਬਾ ਹੁੰਦਾਲ ਜੀ ਦੇ ਮੁੱਖ ਸੇਵਾਦਾਰ ਸੰਤ ਬਾਬਾ ਪਰਮਾਨੰਦ ਨੇ ਇਸ ਮੌਕੇ ਆਈਆਂ ਸੰਗਤਾਂ ਨੂੰ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਸੰਬੰਧੀ ਚਾਨਣਾ ਪਾਉਂਦਿਆਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਕੋਲ ਕਸ਼ਮੀਰੀ ਪੰਡਤਾਂ ਨੇ ਉਨ੍ਹਾਂ ਦੇ ਧਰਮ ਦੀ ਰੱਖਿਆ ਲਈ ਅਰਜੋਈ ਕੀਤੀ ਅਤੇ ਉਨ੍ਹਾਂ ਨੇ ਕਿਵੇਂ ਦਿੱਲੀ ਦੇ ਚਾਂਦਨੀ ਚੌਂਕ ਵਿਖੇ ਸ਼ਹੀਦੀ ਦਿੱਤੀ। ਸੰਤ ਬਾਬਾ ਪਰਮਾਨੰਦ ਨੇ ਆਈਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਦੀ ਅਪੀਲ ਕੀਤੀ ਅਤੇ ਜੰਡਿਆਲਾ ਗੁਰੂ ਹਲਕੇ ਦੇ ਸਮੂਹ ਪੱਤਰਕਾਰ ਭਾਈਚਾਰੇ ਦੇ ਵਲੋਂ ਇਸ ਮਹਾਨ ਕੀਰਤਨ ਦਰਬਾਰ ਕਰਾਉਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਸਾਰੇ ਦਿਹਾੜੇ ਇਸੇ ਤਰ੍ਹਾਂ ਹੀ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ ਅਤੇ ਸਾਰੇ ਧਰਮਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਪੱਤਰਕਾਰ ਭਾਈਚਾਰੇ ਨੇ ਇਸੇ ਤਰ੍ਹਾਂ ਹੀ ਧਾਰਮਿਕ ਸਮਾਗਮ ਰਲ ਮਿਲ ਕੇ ਮਨਾਉਣ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਸਮਾਗਮ ਮੌਕੇ ਬਾਬਾ ਗੁਰਭੇਜ ਸਿੰਘ ਖੁਜਾਲੇ ਵਾਲੇ, ਰਜੇਸ਼ ਗਿੱਲ ਪ੍ਰਧਾਨ ਦਾ ਪ੍ਰੈਸ ਕਲੱਬ ਅੰਮ੍ਰਿਤਸਰ, ਪਾਲ ਸਿੰਘ ਗ੍ਰੰਥੀ, ਡਾਕਟਰ ਕੁਲਦੀਪ ਸਿੰਘ ਮੱਲੀ, ਐਡਵੋਕੇਟ ਰਾਜ ਕੁਮਾਰ ਮਲਹੋਤਰਾ ਸਾਬਕਾ ਪ੍ਰਧਾਨ ਨਗਰ ਕੌਂਸਲ ਜੰਡਿਆਲਾ ਗੁਰੂ, ਪ੍ਰੀਕਸ਼ਤ ਸ਼ਰਮਾ ਗੁੱਗਾ, ਹਰਦੀਪ ਸਿੰਘ ਗਿੱਲ ਇੰਚਾਰਜ ਭਾਜਪਾ ਹਲਕਾ ਜੰਡਿਆਲਾ ਗੁਰੂ, ਗੁਰੂ ਮਾਨਿਓ ਗ੍ਰੰਥ ਸੇਵਕ ਜਥਾ ਜੰਡਿਆਲਾ ਗੁਰੂ ਦੇ ਭਾਈ ਜਗਜੀਤ ਸਿੰਘ ਅਤੇ ਉਨ੍ਹਾਂ ਦੇ ਸਾਥੀ, ਪ੍ਰਿੰਸੀਪਲ ਗੁਰਦੀਪ ਸਿੰਘ ਸਿੱਧੂ, ਮੰਗਲ ਸਿੰਘ ਕਿਸ਼ਨਪੁਰੀ ਐੱਮ. ਡੀ. ਸੇਂਟ ਸੋਲਜ਼ਰ ਸਕੂਲ, ਜਗਰੂਪ ਸਿੰਘ ਰੂਬੀ ਅਮਰੀਕਾ, ਸ੍ਰੀ ਨਰੇਸ਼ ਪਾਠਕ, ਸਤਿੰਦਰ ਸਿੰਘ ਭਰਾਤਾ ਹਰਭਜਨ ਸਿੰਘ ਈ. ਟੀ. ਓ. ਕੈਬਨਟ ਮੰਤਰੀ, ਡਾ. ਮਨਜੀਤ ਸਿੰਘ, ਸਰਬਜੀਤ ਸਿੰਘ ਡਿੰਪੀ, ਬਲਵਿੰਦਰ ਸਿੰਘ ਗਿੱਲ, ਸੁਰੇਸ਼ ਕੁਮਾਰ ਐੱਮ. ਡੀ. ਮਨੋਹਰ ਵਾਟਿਕਾ ਸਕੂਲ, ਕੁਲਦੀਪ ਸਿੰਘ ਮਾਲੋਵਾਲ, ਭਾਈ ਸਰਬਜੀਤ ਸਿੰਘ ਖਾਲਸਾ, ਰਕੇਸ਼ ਸ਼ਰਮਾ ਗੋਲਡੀ, ਸਵਿੰਦਰ ਸਿੰਘ ਚੰਦੀ, ਅਵਤਾਰ ਸਿੰਘ ਟੱਕਰ, ਸਰੂਪ ਸਿੰਘ ਸੰਤ ਅਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।



ਪਿੰਡ ਪੰਜਗਰਾਈਂ ਨਿੱਝਰਾਂ ਵਿਖੇ ਕਿਰਤੀ ਕਿਸਾਨ ਯੂਨੀਅਨ ਦੀ ਇਕਾਈ ਦਾ ਗਠਨ ਕਰਨ ਸਮੇਂ ਸੂਬਾਈ ਆਗੂ ਧਨਵੰਤ ਸਿੰਘ ਖਤਰਾਏ ਤੇ ਹੋਰ ਨਵ-ਨਿਯੁਕਤ ਪ੍ਰਧਾਨ ਦਲਬੀਰ ਸਿੰਘ ਤੇ ਹੋਰਨਾਂ ਅਹੁਦੇਦਾਰਾਂ ਨੂੰ ਸਨਮਾਨਿਤ ਕਰਦੇ ਹੋਏ। ਤਸਵੀਰ: ਗੁਰਪ੍ਰੀਤ ਸਿੰਘ ਢਿੱਲੋਂ

# ਕਿਰਤੀ ਕਿਸਾਨ ਯੂਨੀਅਨ ਨੇ ਕਿਸਾਨਾਂ 'ਤੇ ਹਰਿਆਣਾ ਪੁਲਿਸ ਵਲੋਂ ਅੱਥਰੂ ਗੈਸ ਦੇ ਗੋਲੇ ਦਾਗ਼ਣ ਦੀ ਕੀਤੀ ਜ਼ੋਰਦਾਰ ਨਿਖੇਧੀ

## ਕੇਂਦਰ ਸਰਕਾਰ ਦੀ ਸ਼ਹਿ 'ਤੇ ਹਰਿਆਣਾ ਸਰਕਾਰ ਕਿਸਾਨਾਂ 'ਤੇ ਜਬਰ ਤੁਰੰਤ ਬੰਦ ਕਰੇ-ਧਨਵੰਤ ਸਿੰਘ ਖਤਰਾਏ ਕਲਾਂ

ਅਜਨਾਲਾ, 8 ਦਸੰਬਰ (ਗੁਰਪ੍ਰੀਤ ਸਿੰਘ ਢਿੱਲੋਂ)-ਕਿਰਤੀ ਕਿਸਾਨ ਯੂਨੀਅਨ ਪੰਜਾਬ ਦੀ ਅਹਿਮ ਮੀਟਿੰਗ ਸੂਬਾ ਆਗੂ ਧਨਵੰਤ ਸਿੰਘ ਖਤਰਾਏ ਕਲਾਂ, ਮਾਸਟਰ ਅਮਰੀਕ ਸਿੰਘ ਸੰਗਤਪੁਰਾ, ਹਰਪਾਲ ਸਿੰਘ ਛੀਨਾ, ਕਾਬਲ ਸਿੰਘ ਛੀਨਾ, ਵਿਜੇ ਸ਼ਾਹ ਧਾਲੀਵਾਲ ਅਤੇ ਸੁੱਚਾ ਸਿੰਘ ਖਤਰਾਏ ਕਲਾਂ ਦੀ ਅਗਵਾਈ ਹੇਠ ਪਿੰਡ ਪੰਜਗਰਾਈਂ ਨਿੱਝਰਾਂ ਵਿਖੇ ਹੋਈ, ਜਿਸ ਵਿਚ ਵੱਡੀ ਗਿਣਤੀ 'ਚ ਕਿਸਾਨਾਂ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਸੂਬਾ ਆਗੂ ਧਨਵੰਤ ਸਿੰਘ ਖਤਰਾਏ ਕਲਾਂ ਸਮੇਤ ਹੋਰਨਾਂ ਆਗੂਆਂ ਨੇ ਆਪਣੀਆਂ ਹੱਕੀ ਮੰਗਾਂ ਲਈ ਪੁਰਅਮਨ ਢੰਗ ਨਾਲ ਦਿੱਲੀ ਵੱਲ ਕੂਚ ਕਰ ਰਹੇ ਕਿਸਾਨਾਂ ਤੇ ਹਰਿਆਣਾ ਸਰਕਾਰ ਦੀ ਸ਼ਹਿ 'ਤੇ ਸ਼ੰਭੂ ਬਾਰਡਰ ਵਿਖੇ ਅੱਥਰੂ ਗੈਸ ਦੇ ਗੋਲੇ ਛੱਡਣ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਵਲੋਂ ਆਪਣੇ ਹੱਕਾਂ ਦੀ ਖ਼ਾਤਰ ਸੰਘਰਸ਼ ਕਰ ਰਹੇ ਕਿਸਾਨਾਂ 'ਤੇ ਅੱਥਰੂ ਗੈਸ ਦੇ ਗੋਲੇ ਦਾਗ ਕੇ ਜਬਰ ਕੀਤਾ ਜਾ ਰਿਹਾ ਹੈ ਜੋ ਕਿ ਨਾ ਬਰਦਾਸ਼ਤ ਕਰਨਯੋਗ ਹੈ। ਉਨ੍ਹਾਂ ਕੇਂਦਰ ਸਰਕਾਰ ਦੀ ਸ਼ਹਿ 'ਤੇ ਕਿਸਾਨਾਂ 'ਤੇ ਜਬਰ ਕਰ ਰਹੀ ਹਰਿਆਣਾ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਤੁਰੰਤ ਕਿਸਾਨਾਂ 'ਤੇ ਜਬਰ ਬੰਦ ਕੀਤਾ ਜਾਵੇ ਅਤੇ ਕਿਸਾਨਾਂ ਦੇ ਸਾਰੇ ਮਸਲੇ ਗੱਲਬਾਤ ਰਾਹੀਂ ਹੱਲ ਕੀਤੇ ਜਾਣ। ਸੂਬਾ ਆਗੂ ਧਨਵੰਤ ਸਿੰਘ ਖਤਰਾਏ ਕਲਾਂ ਨੇ ਕਿਹਾ ਕਿ ਕਿਰਤੀ ਕਿਸਾਨ ਯੂਨੀਅਨ ਪੰਜਾਬ ਵਲੋਂ ਕਿਸਾਨਾਂ ਨੂੰ ਲਾਮਬੰਦ ਕਰਨ ਲਈ ਹਰੇਕ ਪਿੰਡ ਵਿਚ ਜਥੇਬੰਦੀ ਦੀ ਮੈਂਬਰਸ਼ਿਪ ਕਰਕੇ ਕਿਸਾਨਾਂ ਦੇ ਮਸਲੇ ਹੱਲ ਕਰਵਾਉਣ ਲਈ ਲੋਕ ਲਹਿਰ ਖੜ੍ਹੀ ਕੀਤੀ ਜਾਵੇਗੀ। ਇਸ ਉਪਰੰਤ ਉਨ੍ਹਾਂ ਪਿੰਡ ਪੰਜਗਰਾਈਂ ਨਿੱਝਰਾਂ ਇਕਾਈ ਦੀ ਚੋਣ ਕਰਦਿਆਂ ਦਲਬੀਰ ਸਿੰਘ ਨੂੰ ਪ੍ਰਧਾਨ, ਅਰਜਿੰਦਰ ਸਿੰਘ ਨੂੰ ਮੀਤ ਪ੍ਰਧਾਨ, ਬਚਿੱਤਰ ਸਿੰਘ ਨੂੰ ਸਕੱਤਰ, ਨਿਸ਼ਾਨ ਸਿੰਘ ਨੂੰ ਖ਼ਜ਼ਾਨਚੀ ਤੋਂ ਇਲਾਵਾ ਬਲਦੇਵ ਸਿੰਘ, ਅਜੀਤ ਸਿੰਘ, ਨਰਿੰਦਰ ਸਿੰਘ, ਲਖਵਿੰਦਰ ਸਿੰਘ ਨਰਿੰਦਰ ਸਿੰਘ ਅਤੇ ਸਾਜਨ ਸਿੰਘ ਨੂੰ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ। ਅੰਤ ਸਿੰਘ ਸੂਬਾਈ ਆਗੂ ਧਨਵੰਤ ਸਿੰਘ ਖਤਰਾਏ ਨੇ ਨਵ-ਨਿਯੁਕਤ ਪ੍ਰਧਾਨ ਦਲਬੀਰ ਸਿੰਘ ਸਮੇਤ ਸਮੂਹ ਅਹੁਦੇਦਾਰਾਂ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ।